2025-35365

4-6

# ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ (SCERT), ਪੰਜਾਬ


ਪਲਾਟ-ਈ, ਛੇਵੀਂ ਮੰਜ਼ਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ, ਫੇਜ਼-8,
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਫੋਨ ਨੰਬਰ-0172-2212221


ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ)
ਸਮੂਹ ਸਕੂਲ ਮੁਖੀ
ਪੰਜਾਬ।

ਮੀਮੋ ਨੰ:- SCERT-EXAM0GENL/30/2024-SDP-SCERT-Part(I)/848305/ 51-56
ਮਿਤੀ: ਐਸ.ਏ.ਐਸ.ਨਗਰ, 21-02-2025

ਵਿਸ਼ਾ:- ਸਾਲ 2025-26 ਲਈ 'ਸਕੂਲ ਆਫ਼ ਐਮੀਨੈਂਸ' (SOE) ਅਤੇ Meritorious ਸਕੂਲਾਂ ਵਿੱਚ 9ਵੀਂ ਕਲਾਸ ਵਿੱਚ ਦਾਖਲੇ ਲਈ ਪ੍ਰਵੇਸ਼ ਪ੍ਰੀਖਿਆ ਲਈ ਪ੍ਰੀਖਿਆਰਥੀਆਂ ਦੀ ਰਜਿਸਟ੍ਰੇਸ਼ਨ ਦੇ ਵਾਧੇ ਸਬੰਧੀ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਸਰਕਾਰੀ, ਅਰਧ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ 8ਵੀਂ ਅਤੇ 10ਵੀਂ ਕਲਾਸਾਂ ਵਿੱਚ ਪੜ੍ਹਦੇ ਪ੍ਰੀਖਿਆਰਥੀਆਂ ਲਈ 'ਸਕੂਲ ਆਫ਼ ਐਮੀਨੈਂਸ' (SOE) ਅਤੇ Meritorious ਸਕੂਲਾਂ ਵਿੱਚ 9ਵੀਂ ਅਤੇ 11ਵੀਂ ਕਲਾਸਾਂ ਵਿੱਚ ਦਾਖਲਾ ਲੈਣ ਲਈ ਦਾਖਲਾ ਪ੍ਰੀਖਿਆਵਾਂ ਕ੍ਰਮਵਾਰ ਮਿਤੀ 16-03-2025 (ਐਤਵਾਰ) ਅਤੇ ਮਿਤੀ 06-04-2025 (ਐਤਵਾਰ) ਨੂੰ ਲਈਆਂ ਜਾ ਰਹੀਆਂ ਹਨ।

2.0 ਇਹਨਾਂ ਦਾਖਲਾ ਪ੍ਰੀਖਿਆਵਾਂ ਲਈ 9ਵੀਂ ਜਮਾਤ ਵਿੱਚ ਦਾਖਲਾ ਲੈਣ ਲਈ ਪ੍ਰੀਖਿਆਰਥੀਆਂ ਵੱਲੋਂ ਮਿਤੀ 24-01-2025 ਤੋਂ 17-02-2025 ਤੱਕ ਰਜਿਸਟ੍ਰੇਸ਼ਨ ਕੀਤੀ ਜਾ ਸਕਦੀ ਸੀ।

3.0 ਫੀਲਡ ਵਿੱਚੋਂ ਮਿਤੀ ਦੇ ਵਾਧੇ ਸੰਬੰਧੀ ਲਗਾਤਾਰ ਆ ਰਹੀ ਮੰਗ ਦੇ ਮੱਦੇਨਜ਼ਰ 9ਵੀਂ ਜਮਾਤ ਵਿੱਚ ਦਾਖਲੇ ਲਈ ਰਜਿਸਟ੍ਰੇਸ਼ਨ ਕਰਨ ਦੀ ਆਖਰੀ ਮਿਤੀ 25-02-2025 ਤੱਕ ਵਾਧਾ ਕੀਤਾ ਗਿਆ ਹੈ।

4.0 ਦਾਖਲਾ ਲੈਣ ਸਬੰਧੀ ਕਰਵਾਈ ਜਾ ਰਹੀ ਪ੍ਰਵੇਸ਼ ਪ੍ਰੀਖਿਆ ਵਿੱਚ ਸ਼ਾਮਿਲ ਹੋਣ ਲਈ ਪ੍ਰੀਖਿਆਰਥੀਆਂ ਵੱਲੋਂ ਵਿਭਾਗ ਦੀ ਵੈੱਬਸਾਈਟ https://schoolofeminence.pseb.ac.in ਤੇ ਰਜਿਸਟ੍ਰੇਸ਼ਨ ਕੀਤੀ ਜਾ ਸਕਦੀ ਹੈ। ਇਸ ਵੈੱਬਸਾਈਟ ਦਾ ਲਿੰਕ ਸਿੱਖਿਆ ਵਿਭਾਗ ਦੀ ਵੈੱਬ ਸਾਈਟ ssapunjab.org , epunjabschool.gov.in ਅਤੇ ਬੋਰਡ ਦੀ ਵੈੱਬ ਸਾਈਟ pseb.ac.in ਤੇ ਉਪਲੱਬਧ ਹੈ।

5.0 ਆਪ ਵੱਲੋਂ ਆਪਣੇ ਜ਼ਿਲ੍ਹੇ ਦੇ ਸਮੂਹ ਸਕੂਲਾਂ ਨੂੰ 9ਵੀਂ ਜਮਾਤ ਵਿੱਚ ਦਾਖਲੇ ਲਈ ਰਜਿਸਟ੍ਰੇਸ਼ਨ ਕਰਨ ਦੀ ਆਖਰੀ ਮਿਤੀ ਵਿੱਚ ਮਿਤੀ 25-02-2025 ਤੱਕ ਹੋਏ ਵਾਧੇ ਸੰਬੰਧੀ ਸੂਚਿਤ ਕੀਤਾ ਜਾਵੇ ਅਤੇ ਪ੍ਰਵੇਸ਼ ਪ੍ਰੀਖਿਆ ਲਈ ਪ੍ਰੀਖਿਆਰਥੀਆਂ ਦੀ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਲਈ ਪ੍ਰੇਰਿਤ ਕੀਤਾ ਜਾਵੇ।

ਅਮਨਿੰਦਰ ਕੌਰ, ਪੀ.ਸੀ.ਐਸ.
ਡਾਇਰੈਕਟਰ, ਐਸ.ਸੀ.ਈ.ਆਰ.ਟੀ. ਪੰਜਾਬ

ਪਿੱਠ ਅੰਕਣ ਨੰ. ਉਕਤ/ 51-56 ਮਿਤੀ:- ਐਸ.ਏ.ਐਸ. ਨਗਰ, 21-02-2025

ਉਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ:-

1. ਪੀ.ਏ. ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ,
2. ਪੀ.ਏ. ਟੂ ਸਪੈਸ਼ਲ ਸਕੱਤਰ ਸਕੂਲ ਸਿੱਖਿਆ, ਪੰਜਾਬ,
3. ਪੀ.ਏ. ਟੂ ਡੀ.ਜੀ.ਐਸ.ਈ., ਪੰਜਾਬ,
4. ਪੀ.ਏ. ਟੂ ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਪੰਜਾਬ
5. ਪੀ.ਏ. ਟੂ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਸਿ), ਪੰਜਾਬ।

Seema
ਸਹਾਇਕ ਡਾਇਰੈਕਟਰ
ਐਸ.ਸੀ.ਈ.ਆਰ.ਟੀ. ਪੰਜਾਬ।

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਪਟਿਆਲਾ

ਪਿੱਠ ਅੰਕਣ ਨੰ ਫ-1/2025/4154 ਮਿਤੀ 24/02/2025

ਉਪਰੋਕਤ ਲਿਖਤ ਵਿਸ਼ੇ ਦੇ ਸਬੰਧ ਵਿੱਚ ਸਬੰਧਤ ਸਕੂਲ ਮੁਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਰਜਿਸਟ੍ਰੇਸ਼ਨ ਵਿੱਚ ਮਿਤੀ 25-02-2025 ਤੱਕ ਵਾਧਾ ਕੀਤਾ Form ... ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣੀ ਯਕੀਨੀ ਬਣਾਈ ਜਾਵੇ।

24/2/25
ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ)
ਪਟਿਆਲਾ

PJK
24/02/25